530
11/5/17

ਡਾਇਰੈਕਟੋਰੇਟ ਸਥਾਨਕ ਸਰਕਾਰ ਪੰਜਾਬ, ਚੰਡੀਗੜ੍ਹ।
(ਲੇਖਾ ਸਾਖਾ)

ਸੇਵਾ ਵਿਖੇ,

ਕਾਰਜ ਸਾਧਕ ਅਫਸਰ,
ਨਗਰ ਕੌਂਸਲ, ਖਰੜ।

ਨੰ: ਲੇਖਾ-6-ਉਕਵਲ-ਡਸਸ-(49)-17/ 23111
ਮਿਤੀ: 10-05-17

ਵਿਸਾ:- ਨਗਰ ਕੌਂਸਲ, ਖਰੜ ਦਾ ਬਜਟ ਸਾਲ 2017-18 ਸਬੰਧੀ।

********

ਉਪਰੋਕਤ ਵਿਸੇ ਦੇ ਹਵਾਲੇ ਵਿੱਚ।

2. ਉਕਤ ਸਥਾਨਕ ਸੰਸਥਾ ਦਾ ਬਜਟ ਅਨੁਮਾਨ ਸਾਲ 2017-18 ਇਸ ਵਿਭਾਗ ਵਿਖੇ ਪ੍ਰਵਾਨਗੀ ਲਈ ਪ੍ਰਾਪਤ ਹੋਇਆ ਹੈ। ਸਥਾਨਕ ਸੰਸਥਾਂ ਵੱਲੋਂ ਸਾਲ 2017-18 ਲਈ ਅਸਲ ਆਮਦਨ ਅਤੇ ਖਰਚਾ ਹੇਠ ਅਨੁਸਾਰ ਦਰਸਾਇਆ ਗਿਆ ਹੈ :-

(ਰਕਮ ਲੱਖਾਂ ਵਿੱਚ)

| ਬਜਟ ਐਸਟੀਮੇਟ (2017-18) | ਵਿਭਾਗ ਦੀ ਤਜਵੀਜ |
|---|---|
| ਆਮਦਨ | |
| ਮਿਤੀ 01/04/2017 ਨੂੰ ਮੁੱਢਲਾ ਬਕਾਇਆ (ਕੈਸ਼ ਬੁੱਕ ਅਨੁਸਾਰ) | 1346.19 |
| ਸਾਲ 2017-18 ਲਈ ਆਮਦਨ | 6040.00 |
| ਕੁਲ | **7386.19** |
| ਖਰਚਾ | |
| ੳ) ਅਮਲਾ: ਕੇਵਲ ਮੌਜੂਦਾ ਪੋਸਟਾ ਅਤੇ ਏਰੀਅਰ ਲਈ, ਪੈਨਸ਼ਨ ਕੰਟਰੀਬਿਊਸਨ/ਰਿਟਾਇਰਮੈਂਟ ਬੈਨੀਫਿਟ (ਗਰੈਚੂਟੀ ਅਤੇ ਲੀਵ ਇੰਨਕੈਸਮੈਂਟ ) | 950.00 |
| ਅ) ਕੰਟੀਜੈਸੀ: | 101.50 |
| ੲ) ਵਿਕਾਸ ਦੇ ਕੰਮਾਂ ਲਈ: ਕਮਿਟਡ : 1124.00<br>ਨਾਨ ਕਮਿਟਡ : 3200.00 | 4324.00 |
| ਕੁਲ | **5375.50** |
| ਮਿਤੀ 31/3/2018 ਲਈ ਅੰਤਿਮ ਬਕਾਇਆ | 2010.69 |
| ਕੁਲ | **7386.19** |

<u>ਆਮਦਨ-</u> ਇਸ ਮੱਦ ਅਧੀਨ ਸਾਲ 2017-18 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦੀ ਕੁੱਲ ਆਮਦਨ 6040.00 ਲੱਖ ਰੁਪਏ ਪ੍ਰਵਾਨ ਕੀਤੀ ਜਾਂਦੀ ਹੈ -

| ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|
| ਪ੍ਰਾਪਰਟੀ ਟੈਕਸ | 250.00 |
| ਵੈਟ | 836.00 |
| ਬਿਜਲੀ ਤੇ ਚੂੰਗੀ | 120.00 |
| ਐਕਸਾਈਜ ਡਿਊਟੀ | 180.00 |
| ਵਾਟਰ / ਸੀਵਰੇਜ | 350.00 |
| ਰੈਂਟ | 30.00 |
| ਫੀਸਾਂ | 3.00 |
| ਸੇਲ ਆਫ ਲੈਂਡ | 2200.00 |
| ਵਿਗਿਆਪਨ | 20.00 |
| ਅਦਰਜ | 51.00 |
| ਬਿਲਡਿੰਗ ਐਪਲੀਕੇਸਨ | 2000.00 |
| ਕੁਲ ਜੋੜ | **6040.00** |

<u>ਖਰਚਾ:</u>

<u>ਅਮਲਾ:</u> ਅਮਲਾ ਹੈਡ ਅਧੀਨ 950.00 ਲੱਖ ਰੁਪਏ ਪ੍ਰਵਾਨ ਕੀਤੇ ਜਾਂਦੇ ਹਨ। ਬਜਟ ਵਿੱਚ ਖਾਲੀ ਪੋਸਟਾਂ ਦਾ ਖਰਚਾ ਪ੍ਰਵਾਨ ਨਹੀਂ ਕੀਤਾ ਗਿਆ ਹੈ ਜਦੋਂ ਅਸਾਮੀਆਂ ਦੀ ਭਰਤੀ ਕੀਤੀ ਜਾਵੇਗੀ ਉਸ ਸਮੇਂ ਖਰਚਾ ਪ੍ਰਵਾਨ ਕਰਵਾ ਲਿਆ ਜਾਵੇ। ਇਸ ਮੱਦ

ਅਧੀਨ ਪ੍ਰਵਾਨ ਹੋਇਆ ਖਰਚਾ ਕੇਵਲ ਮੌਜੂਦਾ ਪੋਸਟਾ ਲਈ, ਪੈਨਸ਼ਨ ਕੰਟਰੀਬਿਊਸ਼ਨ ਲਈ ਵਰਤਿਆ ਜਾਵੇਗਾ। ਲੰਬਿਤ ਦੇਣਦਾਰੀਆਂ ਪਹਿਲ ਦੇ ਆਧਾਰ ਤੇ ਅਦਾ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

ਨੋਟ :- ਨਗਰ ਕੌਂਸਲ ਨੂੰ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਅਸਾਮੀ ਨੂੰ ਆਪਣੇ ਪੱਧਰ ਤੇ ਇਸ ਵਿਭਾਗ ਤੋਂ ਪ੍ਰਵਾਨਤ ਸਕੇਲ ਤੋਂ ਵੱਧ ਸਕੇਲ ਨਾ ਦਿੱਤਾ ਜਾਵੇ ਅਤੇ ਨਾ ਹੀ ਕਿਸੇ ਪੋਸਟ ਨੂੰ ਇਸ ਵਿਭਾਗ ਤੋਂ ਪ੍ਰਵਾਨਤ ਪੋਸਟਾਂ ਤੋਂ ਇਲਾਵਾ ਕੋਈ ਡੈਜੀਗਨੇਸ਼ਨ ਦਿੱਤਾ ਜਾਵੇ।

ਕੰਟੀਜੇਂਸੀ:- ਇਸ ਮੱਦ ਅਧੀਨ ਸਾਲ 2017-18 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦਾ ਕੁਲ ਖਰਚਾ 101.50 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|
| ਸਟੇਸ਼ਨਰੀ | 9.00 |
| ਪੈਟਰੋਲ ਅਤੇ ਵਹੀਕਲ | 82.00 -(10) |
| ਬਿਜਲੀ ਬਿਲ | 2.50 |
| ਟੈਲੀਫੋਨ | 2.00 |
| ਕੰਪਿਊਟਰ | 2.00 |
| ਮਿਸਲੇਨੀਅਸ ਚਾਰਜਿਜ | 4.00 |
| ਕੁਲ ਜੋੜ | **101.50** |

ਨੋਟ:- ਕਿਸੇ ਵੀ ਸਬ ਹੈਡ ਅਧੀਨ ਖਰਚਾ ਵੱਧਣ ਦੀ ਸੂਰਤ ਵਿੱਚ ਇਸ ਦਫਤਰ ਵੱਲੋਂ ਬਜਟ ਵਿੱਚ ਸੋਧ ਕਰਵਾਈ ਜਾਵੇ ਅਤੇ ਆਪਣੇ ਪੱਧਰ ਤੇ ਸਬ ਹੈਡਾਂ ਦੇ ਬਜਟ ਦੀ ਅਡਜਸਟਮੈਂਟ ਨਾ ਕੀਤੀ ਜਾਵੇ।

ਵਿਕਾਸ:- ਇਸ ਮੱਦ ਅਧੀਨ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ (ਕਮਿਟਡ ਅਤੇ ਨਾਨ ਕਮਿਟਡ) ਲਈ ਕੁਲ ਖਰਚਾ 4324.00 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਹੈਡ ਦਾ ਨਾਮ (ਕਮਿਟਡ) | ਵਿਭਾਗ ਦੀ ਪ੍ਰਵਾਨਗੀ |
|---|---|
| ਐਮ.ਸੀ.ਬਿਲਡਿੰਗ ਦੇ ਬਿੱਲ | 20.00 |
| ਸਟਰੀਟ ਲਾਈਟ/ਟਿਊਬਵੈਲਾਂ ਦੇ ਬਿਲ | 700.00 |
| ਬਿਜਲੀ ਦੇ ਰੱਖ ਰਖਾਵ | 120.00 |
| ਵਾਟਰ ਸਪਲਾਈ/ਸੀਵਰੇਜ ਦਾ ਰੱਖ ਰਖਾਵ | 120.00 |
| ਐਮ.ਸੀ. ਬਿਲਡਿੰਗ ਦੀ ਉਸਾਰੀ ਲਈ | 75.00 |
| ਡਾਇਰੈਕਟੋਰੇਟ/ਇਲੈਕਸ਼ਨ ਚਾਰਜਿਜ | 89.00 |
| ਜੋੜ | **1124.00** |
| ਨਾਨ ਕਮਿਟਡ | ਵਿਭਾਗ ਦੀ ਪ੍ਰਵਾਨਗੀ |
| ਸੜਕਾਂ ਲਈ | 900.00 |
| ਨਵੀਂਆਂ ਨਾਲੀਆਂ ਲਈ | 100.00 |
| ਸੜਕਾਂ ਦੀ ਰਿਪੇਅਰ | 200.00 |
| ਪੁਰਾਣੀਆਂ ਨਾਲੀਆਂ ਦੀ ਰਿਪੇਅਰ | 100.00 |
| ਨਵੀਂਆਂ ਵ/ਸ ਲਾਈਨਾਂ | 200.00 |
| ਸੀ.ਸੀ.ਫਲੋਰਿੰਗ | 50.00 |
| ਗਲੀਆਂ ਦੀ ਉਸਾਰੀ | 200.00 |
| ਗਲੀਆਂ ਦੀ ਰਿਪੇਅਰ | 50.00 |
| ਸਲੱਮਜ ਦੇ ਸੁਧਾਰ ਲਈ | 50.00 |
| ਮਸ਼ੀਨਰੀ ਦੀ ਖਰੀਦ | 200.00 |
| ਪਾਰਕਾਂ ਲਈ | 200.00 |
| ਨਵੀਂ ਸੀਵਰੇਜ | 200.00 |
| ਅਦਰਜ | 50.00 |
| ਸਫਾਈ ਦੇ ਕੰਮ ਦਾ ਠੇਕਾ | 700.00 |
| ਜੋੜ | **3200.00** |

ਮਿਤੀ 31/3/2018 ਲਈ ਅੰਤਿਮ ਬਕਾਇਆ 2010.69 ਲੱਖ ਰੁਪਏ ਨਿਸਚਿਤ ਗਿਆ ਹੈ।

**ਨੋਟ :-** **ਆਪ ਨੂੰ ਵਿਸੇਸ ਤੌਰ ਤੇ ਲਿਖਿਆ ਜਾਂਦਾ ਹੈ ਕਿ ਨਗਰ ਕੌਂਸਲ ਵੱਲੋਂ ਕੀਤੀ ਜਾਣ ਵਾਲੀ ਹਰ ਤਰ੍ਹਾਂ ਦੀ ਅਦਾਇਗੀ ਸਰਕਾਰ ਦੀਆਂ ਹਦਾਇਤਾਂ ਅਨੁਸਾਰ Aadhar Linked-Digital ਖਾਤਿਆਂ ਵਿੱਚ ਹੀ ਕੀਤੀ ਜਾਣੀ ਯਕੀਨੀ ਬਣਾਈ ਜਾਵੇ।**

ਸ਼ਰਤਾਂ:-

1. ਸਾਲ 2017-18 ਲਈ ਮਿਥਿਆ ਗਿਆ ਆਮਦਨ ਦਾ ਟੀਚਾ ਪੂਰਾ ਕਰਨ ਲਈ ਕਾਰਜ ਸਾਧਕ ਅਫਸਰ ਦੀ ਜ਼ੁੰਮੇਵਾਰੀ ਹੋਵੇਗੀ ।
2. ਨਗਰ ਕੌਂਸਲ ਅੰਦਰ ਪੈਂਦੀਆਂ ਸਾਰੀਆਂ ਇਮਾਰਤਾਂ ਦਾ ਹਾਊਸ ਟੈਕਸ ਅਤੇ ਹੋਰ ਤਰ੍ਹਾਂ ਦੀ ਉਗਰਾਹੀ ਲਈ ਸਰਵੇ ਤਿੰਨ ਮਹੀਨੇ ਦੇ ਅੰਦਰ-ਅੰਦਰ ਮੁਕੰਮਲ ਕਰਵਾਇਆ ਜਾਵੇ ਅਤੇ ਏਰੀਅਰ ਦੀ 100% ਰਿਕਵਰੀ ਯਕੀਨੀ ਬਣਾਈ ਜਾਵੇ ।
3. ਅਮਲੇ ਦੇ ਖਰਚੇ ਅਤੇ ਦਫਤਰੀ ਖਰਚੇ ਨੂੰ ਹੋਰ ਘੱਟ ਕਰਨ ਸਬੰਧੀ ਉਪਰਾਲੇ ਕੀਤੇ ਜਾਣ ।
4. ਕਿਸੇ ਵੀ ਖਰਚੇ ਦੀ ਮੱਦ ਅਧੀਨ ਪ੍ਰਵਾਨ ਕੀਤੇ ਖਰਚੇ ਤੋਂ ਵੱਧ ਖਰਚਾ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਲਏ ਬਗੈਰ ਨਾ ਕੀਤਾ ਜਾਵੇ ਅਤੇ ਨਾ ਹੀ ਅਗਾਊਂ ਪ੍ਰਵਾਨਗੀ ਆਉਣ ਦੀ ਆਸ ਵਿੱਚ ਕੀਤਾ ਜਾਵੇ ।
5. ਕੋਈ ਨਵੀਂ ਅਸਾਮੀ/ਖਾਲੀ ਅਸਾਮੀ ਸਥਾਨਕ ਸਰਕਾਰ ਵਿਭਾਗ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਨਾ ਭਰੀ ਜਾਵੇ ।
6. ਇਸ ਵਿਭਾਗ ਦੀ ਪ੍ਰਵਾਨਗੀ ਤੋਂ ਬਗੈਰ ਕਿਸੇ ਅਸਾਮੀ ਦੀ ਤਬਦੀਲੀ ਨਾ ਕੀਤੀ ਜਾਵੇ ਅਤੇ ਕਰਮਚਾਰੀ ਦਾ ਕਾਡਰ ਵੀ ਤਬਦੀਲ ਨਾ ਕੀਤਾ ਜਾਵੇ ।
7. ਕੋਈ ਵੀ ਵਹੀਕਲ ਇਸ ਦਫਤਰ ਦੀ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਖਰੀਦ ਨਾ ਕੀਤਾ ਜਾਵੇ ।
8. ਡੇਲੀਵੇਜਿਜ ਜਾਂ ਕੰਟਰੈਕਟ ਦੇ ਅਧਾਰ ਤੇ ਇਸ ਦਫਤਰ ਦੀ ਵਿਸੇਸ਼ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਕੋਈ ਵੀ ਨਿਯੁਕਤੀ ਨਾ ਕੀਤੀ ਜਾਵੇ ।
9. ਕੰਟਰੈਕਟ/ਠੇਕੇ ਤੇ ਭਰਤੀ ਕਰਨ ਦੀ ਬਜਾਏ ਜਿੱਥੋਂ ਤੱਕ ਸੰਭਵ ਹੋਵੇ ਕਿਸੇ ਬਾਹਰੀ ਸੰਸਥਾ ਤੋਂ ਲੋੜੀਂਦੇ ਸਟਾਫ ਦੀਆਂ ਸੇਵਾਵਾਂ ਪ੍ਰਾਪਤ ਕੀਤੀਆਂ ਜਾਣ ਤਾਂ ਜੋ ਸਥਾਨਕ ਸੰਸਥਾ ਨੂੰ ਭਵਿੱਖ ਵਿੱਚ ਕਿਸੇ ਕਿਸਮ ਦੀ ਕਾਨੂੰਨੀ ਅੜਚਨ ਨਾ ਆਵੇ ।
10. ਚੰਡੀਗੜ੍ਹ ਵਿਖੇ ਉਸਾਰੇ ਜਾਣ ਵਾਲੇ ਮਿਊਂਸਪਲ ਭਵਨ ਲਈ ਨਗਰ ਕੌਂਸਲ ਦੀ ਕੁਲ ਆਮਦਨ ਦਾ 1% ਦੀ ਰਾਸ਼ੀ ਦਾ ਉਪਬੰਧ ਕੀਤਾ ਜਾਂਦਾ ਹੈ ।
11. <u>ਵਿਕਾਸ</u> : ਵਰਕਸ ਦਾ ਖਰਚਾ ਸਪਲਿਟ ਕਰਨ ਤੇ ਪਾਬੰਦੀ ਹੈ । ਹਰ ਹਾਲਤ ਵਿੱਚ ਜੋ ਪੈਸੇ ਸਰਕਾਰ ਵੱਲੋਂ ਦਿੱਤੇ ਜਾਂਦੇ ਹਨ, ਉਸ ਨਾਲ ਕੰਮ ਵੀ ਸਮੇਂ ਸੀਮਾਂ ਅਤੇ ਮਿਥੇ ਤਖਮੀਨੇ ਵਿੱਚ ਮੁਕੰਮਲ ਕੀਤਾ ਜਾਵੇ । ਗਰਾਂਟ ਦਾ ਖਰਚਾ ਸਕੀਮ ਵਿੱਚ ਦਰਜ ਹਦਾਇਤਾਂ ਅਨੁਸਾਰ ਕੀਤਾ ਜਾਵੇ ਅਤੇ ਵਰਤੋਂ ਸਰਟੀਫਿਕੇਟ ਮੁੱਖ ਦਫਤਰ ਵਿਖੇ ਸਬੰਧਤ ਸਾਖਾ ਨੂੰ ਸਮੇਂ-ਸਿਰ ਪੁੱਜਦਾ ਕੀਤਾ ਜਾਵੇ । ਕੌਂਸਲ ਵੱਲੋਂ ਹਰ ਸਾਲ ਅਪਣੀ ਪ੍ਰਬੰਧਕੀ ਰਿਪੋਰਟ ਤਿਆਰ ਕਰਕੇ ਸਮੇਂ ਸਿਰ ਸਰਕਾਰ ਨੂੰ ਭੇਜੀ ਜਾਵੇ । ਵਰਕਚਾਰਜ ਅਮਲੇ ਤੇ ਹੋਣ ਵਾਲਾ ਖਰਚਾ ਵਿਕਾਸ ਦੀ ਮੱਦ ਹੇਠ ਨਾ ਕੀਤਾ ਜਾਵੇ ਉਸ ਨੂੰ ਅਮਲੇ ਦੀ ਮੱਦ ਵਿੱਚ ਕੀਤਾ ਜਾਵੇ ।
12. ਫਾਇਰ ਬ੍ਰਿਗੇਡ ਲਈ ਲੋੜੀਂਦੇ ਡਰਾਈਵਰ ਪਾਸਕੋ ਤੋਂ ਜਾਂ ਕਿਸੇ ਬਾਹਰੀ ਸੰਸਥਾ ਤੋਂ ਲਏ ਜਾਣ ।
13. ਸਾਲ 2017-18 ਦੌਰਾਨ ਵਿਕਾਸ ਦੇ ਕੰਮਾਂ ਦੀ ਜੋ ਸੂਚੀ ਬਜਟ ਅਨੁਮਾਨ ਨਾਲ ਭੇਜੀ ਹੈ ਉਸ ਦੇ ਅਨੁਸਾਰ ਹੀ ਵਿਕਾਸ ਦੇ ਕੰਮ ਕਰਵਾਏ ਜਾਣ ਨੂੰ ਯਕੀਨੀ ਬਣਾਇਆ ਜਾਵੇ ।
14. ਕਰਮਚਾਰੀਆਂ ਨੂੰ ਮਿਲਣ ਵਾਲੇ ਰਿਟਾਇਰਲ ਡਿਊਜ਼, ਜੀ.ਪੀ.ਫੰਡ ਦੀ ਅਦਾਇਗੀ, ਪੈਨਸਨ ਫੰਡ ਦੀ ਅਦਾਇਗੀ, ਹੁਡਕੋ ਅਤੇ ਐਲ.ਆਈ.ਸੀ.ਦੇ ਕਰਜਿਆਂ ਦੀ ਅਦਾਇਗੀ ਨੂੰ ਫਸਟ ਚਾਰਜ ਰੱਖਦੇ ਹੋਏ ਪਹਿਲ ਦੇ ਅਧਾਰ ਤੇ ਅਦਾਇਗੀ ਕੀਤੀ ਜਾਵੇ ।
15. ਕਰਮਚਾਰੀਆਂ ਨੂੰ ਕਰਜੇ ਦੇਣ ਦੇ ਸਬੰਧ ਵਿੱਚ ਰਾਜ ਸਰਕਾਰ ਦੁਆਰਾ ਆਪਣੇ ਕਰਮਚਾਰੀਆਂ ਲਈ ਜਾਰੀ ਕੀਤੇ ਦਿਸਾ-ਨਿਰਦੇਸਾਂ ਦੀ ਪਾਲਣਾ ਕੀਤੀ ਜਾਵੇ ।
16. ਸਹਿਰੀ ਗਰੀਬਾਂ ਨੂੰ ਮੁਢਲੀ ਸਹੂਲਤਾਂ ਦੇਣ ਸਬੰਧੀ ਉਪਰਾਲੇ ਕੀਤੇ ਜਾਣ ।
17. ਸਾਲ 2017-18 ਦੇ ਪ੍ਰਵਾਨ ਕੀਤੇ ਬਜਟ/ਆਮਦਨ ਦਾ 1% ਨਗਰ ਕੌਂਸਲ ਦੇ ਵਿਕਾਸ ਦੇ ਫੰਡ ਵਿੱਚੋਂ ਸਹਿਰ ਦੀ ਹਰਿਆਵਲੀ/ਗਰੀਨਰੀ ਲਈ ਵਰਤਿਆ ਜਾਵੇ ।
18. ਸਥਾਨਕ ਸੰਸਥਾ ਦੇ ਦਫਤਰ ਵਿੱਚ ਕੰਪਿਊਟਰਾਈਜੇਸਨ ਕਰਨ ਲਈ ਬਜਟ ਦੇ ਫੰਡਾਂ ਵਿੱਚੋਂ ਆਪ ਦੇ ਅਧਿਕਾਰੀਆਂ / ਕਰਮਚਾਰੀਆਂ ਨੂੰ ਕੰਪਿਊਟਰ ਟਰੇਨਿੰਗ ਆਪਣੇ ਪੱਧਰ ਤੇ ਕਰਵਾਈ ਜਾਵੇ ਅਤੇ ਸਾਰੀਆਂ ਬਰਾਂਚਾਂ ਦੀ ਨੈਟ-ਵਰਕਿੰਗ ਕਰਕੇ ਕੰਪਿਊਟਰਾਈਜੇਸਨ ਹਰ ਹਾਲਤ ਵਿੱਚ ਕੀਤੀ ਜਾਵੇ ।
19. ਕਿਸੇ ਵੀ ਸਥਾਨਕ ਸੰਸਥਾ ਦੇ ਸਬੰਧ ਵਿੱਚ ਆਡਿਟ ਵੱਲੋਂ ਜੋ ਇਤਰਾਜ ਲਗਾਏ ਜਾਂਦੇ ਹਨ ਉਨ੍ਹਾਂ ਦਾ ਉੱਤਰ ਆਡਿਟ ਨੋਟ ਵਿੱਚ ਦਰਸਾਏ ਅਨੁਸਾਰ ਸਮੇਂ ਸਿਰ ਸਾਰੇ ਪੈਰ੍ਹੇ ਨਾਲ-ਨਾਲ ਸੈਟਲ ਕਰਵਾਏ ਜਾਣ ।

ਭਾਗ ਅਫਸਰ
ਸਥਾਨਕ ਸਰਕਾਰ ਵਿਭਾਗ ਪੰਜਾਬ

ਪਿੱਠ ਅੰਕਣ ਨੰ:ਲੇਖਾ-6-ਉਕਵਲ-ਡਸਸ-(49)-17/ ਮਿਤੀ:

ਇਸ ਦਾ ਇੱਕ ਉਤਾਰਾ ਰਿਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਪਟਿਆਲਾ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।

ਭਾਗ ਅਫਸਰ
ਸਥਾਨਕ ਸਰਕਾਰ ਵਿਭਾਗ ਪੰਜਾਬ